# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :31-12-2025**

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਪੰਜਾਬ ਵਿੱਚ ਮਨਰੇਗਾ ਯੋਜਨਾ ਸਮੇਤ ਕਈ ਯੋਜਨਾਵਾਂ ਵਿੱਚ ਵਿਆਪਕ ਭ੍ਰਿਸ਼ਟਾਚਾਰ ਦਾ ਦੋਸ਼ ਲਗਾਇਆ ਏ । ਕੱਲ੍ਹ ਭੋਪਾਲ ਵਿੱਚ ਇੱਕ ਪ੍ਰੈਸ ਕਾਨਫਰੰਸ ਵਿੱਚ, ਸ਼੍ਰੀ ਚੌਹਾਨ ਨੇ ਦੋਸ਼ ਲਗਾਇਆ ਕਿ ਵਿੱਤੀ ਧੋਖਾਧੜੀ ਦੇ ਲਗਭਗ 10 ਹਜ਼ਾਰ 653 ਮਾਮਲੇ ਸਾਹਮਣੇ ਆਏ ਨੇ, ਪਰ ਸੂਬਾ ਸਰਕਾਰ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ ਏ । BYTE ਸ਼੍ਰੀ ਚੌਹਾਨ ਨੇ ਦਾਅਵਾ ਕੀਤਾ ਕਿ ਪੰਜਾਬ ਦੀਆਂ 13 ਹਜ਼ਾਰ 304 ਪੰਚਾਇਤਾਂ ਵਿੱਚੋਂ ਸਿਰਫ਼ 5 ਹਜ਼ਾਰ 915 ਪੰਚਾਇਤਾਂ ਦਾ ਆਡਿਟ ਕੀਤਾ ਗਿਆ ਏ ।

---------------------------------------------------------------------

ਉਦਯੋਗਾਂ ਨਾਲ ਸੰਬੰਧਤ ਸੰਸਦੀ ਸਥਾਈ ਕਮੇਟੀ ਨੇ, ਉਦਯੋਗਿਕ ਵਿਕਾਸ, ਮੌਜੂਦਾ ਚੁਣੌਤੀਆਂ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਲਈ  ਅੰਮ੍ਰਿਤਸਰ ਦਾ ਦੌਰਾ ਕੀਤਾ ।

ਇਸ ਕਮੇਟੀ ਚੇਅਰਪਰਸਨ ਤੇ ਰਾਜ ਸਭਾ ਮੈਂਬਰ ਤਿਰੁਚੀ ਸ਼ਿਵਾ ਨੇ ਪੰਜਾਬ ਦੇ ਵੱਖ-ਵੱਖ ਉਦਯੋਗਪਤੀਆਂ ਨਾਲ ਉਦਯੋਗਾਂ ਸਬੰਧੀ ਜਾਣਕਾਰੀ ਵੀ ਪ੍ਰਾਪਤ ਕੀਤੀ। ਮੀਟਿੰਗ ਦੌਰਾਨ ਅੰਮ੍ਰਿਤਸਰ ਅਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਚੱਲ ਰਹੇ ਛੋਟੇ, ਦਰਮਿਆਨੇ ਅਤੇ ਵੱਡੇ ਉਦਯੋਗਾਂ ਦੀ ਸਥਿਤੀ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਕਮੇਟੀ ਮੈਂਬਰਾਂ ਨਾਲ ਸਥਾਨਕ ਉਦਯੋਗਪਤੀ, ਵੱਖ-ਵੱਖ ਉਦਯੋਗਿਕ ਦੇ ਨੁਮਾਇੰਦਿਆਂ, ਜ਼ਿਲ੍ਹਾ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਅਤੇ ਬੈਂਕਿੰਗ ਖੇਤਰ ਦੇ ਅਧਿਕਾਰੀ ਹਾਜ਼ਰ ਰਹੇ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਚੇਅਰਪਰਸਨ ਨੇ ਸਥਾਨਕ ਉਦਯੋਗਪਤੀਆਂ ਵੱਲੋਂ ਉਦਯੋਗਿਕ ਨੀਤੀਆਂ ਦੇ ਅਮਲ, ਬਿਜਲੀ, ਕੱਚਾ ਮਾਲ, ਬੁਨਿਆਦੀ ਢਾਂਚਾ, ਟਰਾਂਸਪੋਰਟ, ਬਰਾਮਦ ਸਹੂਲਤਾਂ, ਮਜ਼ਦੂਰ ਸੰਬੰਧੀ ਮਸਲੇ ਅਤੇ ਵਿੱਤੀ ਸਹਾਇਤਾ ਸਬੰਧੀ ਮੁੱਖ ਚੁਣੌਤੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ । ਉਨਾਂ ਕਿਹਾ ਕਿ ਉਦਯੋਗਾਂ ਲਈ ਕਰਜ਼ਾ ਪ੍ਰਕਿਰਿਆ ਨੂੰ ਸਰਲ ਬਣਾਉਣ, ਵਿਆਜ ਦਰਾਂ ਵਿੱਚ ਰਾਹਤ ਅਤੇ ਸਮੇਂ-ਸਿਰ ਵਿੱਤੀ ਸਹਾਇਤਾ ਪ੍ਰਦਾਨ ਕਰਨ ਸਬੰਧੀ ਬੈਂਕਾਂ ਨੂੰ ਇਸ ਸਬੰਧੀ ਨੀਤੀ ਬਣਾਉਣ ਬਾਰੇ ਕਿਹਾ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਦੇ ਪ੍ਰਿੰਸੀਪਲ ਸਕੱਤਰ ਕੇ.ਕੇ. ਯਾਦਵ ਨੇ ਕਿਹਾ ਕਿ ਛੋਟੇ ਅਤੇ ਦਰਮਿਆਨੇ ਉਦਯੋਗਾਂ ਨੂੰ ਮਜ਼ਬੂਤ ਕਰਨ ਲਈ ਸਰਕਾਰ ਵੱਲੋਂ ਮਜ਼ਬੂਤ ਨੀਤੀਕ ਸਹਿਯੋਗ, ਸਧਾਰਣ ਅਤੇ

ਸਮਾਂ-ਬੱਧ ਨਿਯਮਕ ਪ੍ਰਕਿਰਿਆਵਾਂ ਵਰਗੇ ਕਦਮ ਚੁੱਕੇ ਜਾ ਰਹੇ ਨੇ । ਕਮੇਟੀ ਨੇ ਭਰੋਸਾ ਦਿਵਾਇਆ ਕਿ ਅੰਮ੍ਰਿਤਸਰ ਸਮੇਤ ਪੰਜਾਬ ਦੇ ਉਦਯੋਗਿਕ ਖੇਤਰ ਨੂੰ ਮਜ਼ਬੂਤ ਕਰਨ ਲਈ ਪ੍ਰਾਪਤ ਸੁਝਾਅ ਨੂੰ ਕੇਂਦਰ ਸਰਕਾਰ ਦੇ ਸਤਰ ‘ਤੇ ਰਿਪੋਰਟ ਵਿੱਚ ਸ਼ਾਮਲ ਕੀਤਾ ਜਾਵੇਗਾ।

---------------------------------------------------------------------

ਨਵੇਂ ਸਾਲ ਦੀ ਸ਼ੁਰੂਆਤ ਮੌਕੇ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਪੰਜਾਬ ਪੁਲਿਸ ਵਲੋਂ ਵੱਖ-ਵੱਖ ਥਾਵਾਂ 'ਤੇ ਜਾਂਚ ਕੀਤੀ ਜਾ ਰਹੀ ਏ । ਇਸੇ ਤਹਿਤ ਜ਼ਿਲਾ ਫਤਹਿਗੜ੍ਹ ਸਾਹਿਬ ਵਿੱਚ ਐਸ.ਐਸ.ਪੀ. ਸ਼ੁਭਮ ਅਗਰਵਾਲ ਨੇ ਨਸ਼ਾ ਕਰਕੇ ਵਾਹਨ ਚਲਾਉਣ ਵਾਲਿਆਂ ਖਿਲਾਫ ਵੱਡੀ ਮੁਹਿੰਮ ਸ਼ੁਰੂ ਕੀਤੀ ਏ । ਉਨ੍ਹਾਂ ਮੰਡੀ ਗੋਬਿੰਦਗੜ੍ਹ  ਵਿੱਚ ਪੁਲਿਸ ਟੀਮਾਂ ਵੱਲੋਂ ਕੀਤੀ ਜਾ ਰਹੀ ਜਾਂਚ ਦਾ ਜਾਇਜ਼ਾ ਲਿਆ। ਐਸ.ਐਸ.ਪੀ. ਨੇ ਸਖ਼ਤ ਹਦਾਇਤ ਕੀਤੀ ਏ ਕਿ ਨਸ਼ੇ ਦੀ ਹਾਲਤ ਵਿੱਚ ਡਰਾਈਵਿੰਗ ਕਰਨ ਵਾਲਿਆਂ ਦੇ ਤੁਰੰਤ ਚਲਾਨ ਕੱਟੇ ਜਾਣ ਅਤੇ ਵਾਹਨ ਜ਼ਬਤ ਕੀਤੇ ਜਾਣ। ਉਨ੍ਹਾਂ ਕਿਹਾ ਕਿ ਵਿਸ਼ੇਸ਼ ਚੌਕਸੀ ਟੀਮਾਂ ਦਾ ਗਠਨ ਕੀਤਾ ਗਿਆ ਹੈ ਜੋ ਰਾਤ ਸਮੇਂ ਲਗਾਤਾਰ ਗਸ਼ਤ ਕਰਨਗੀਆਂ। ਉਨ੍ਹਾਂ ਵਾਹਨ ਚਾਲਕਾਂ ਨੂੰ ਧੁੰਦ ਅਤੇ ਕੋਹਰੇ ਕਾਰਨ ਦਿਖਤਾ ਕਾਫੀ ਘੱਟ ਹੋਣ ਕਾਰਨ ਵਾਹਨ ਚਲਾਉਂਦੇ ਸਮੇਂ ਫੌਗ ਲਾਈਟਾਂ ਦੀ ਵਰਤੋਂ ਕਰਨ ਅਤੇ ਰਫ਼ਤਾਰ ਹੌਲੀ ਰੱਖਣ ਦੀ ਅਪੀਲ ਕੀਤੀ ਤਾਂ ਜੋ ਹਾਦਸਿਆਂ ਤੋਂ ਬਚਿਆ

ਜਾ ਸਕੇ। ਓਧਰ ਪਟਿਆਲਾ ਪੁਲਿਸ ਨੇ ਵਿਲੱਖਣ ਕਦਮ ਚੁਕਦਿਆਂ ਨਵੇਂ ਸਾਲ ਸਬੰਧੀ ਇੱਕ ਕਾਰਡ ਬਣਾਕੇ ਸੋਸ਼ਲ ਮੀਡੀਆ ਤੇ ਪੋਸਟ ਕੀਤਾ। ਇਸ ਕਾਰਡ 'ਤੇ ਲਿਖਿਆ ਏ ਕਿ ਜੇਕਰ ਤੁਸੀਂ ਨਸ਼ਾ ਕਰਕੇ ਗੱਡੀ ਚਲਾਉਂਦੇ ਜਾਂ ਹੁੱਲੜਬਾਜ਼ੀ ਕਰਦੇ ਫੜੇ ਗਏ ਨਵੇਂ ਸਾਲ ਦੀ ਸ਼ੁਰੂਆਤ ਪੁਲਿਸ ਨਾਲ ਮਨਾਓਗੇ ।

---------------------------------------------------------------------

ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਪੈ ਰਹੀ ਏ। ਦਿਖਤਾ ਘੱਟ ਹੋਣ ਕਾਰਨ ਆਵਾਜਾਈ ਵੀ ਪ੍ਰਭਾਵਿਤ ਹੋ ਰਹੀ ਏ। ਓਧਰ ਜੰਮੂ ਕਸ਼ਮੀਰ ਵਿੱਚ ਪੱਛਮੀ ਗੜਬੜੀ ਕਾਰਨ ਉੱਤਰੀ ਕਸ਼ਮੀਰ ਦੇ ਕੁਝ ਹਿੱਸਿਆਂ ਵਿੱਚ ਹਲਕੀ ਬਾਰਿਸ਼ ਅਤੇ ਬਰਫ਼ਬਾਰੀ ਹੋ ਰਹੀ ਏ। ਰਾਸ਼ਟਰੀ ਰਾਜਧਾਨੀ ਖੇਤਰ ਵਿੱਚ ਸੰਘਣੀ ਧੁੰਦ ਨੇ ਰੇਲ ਆਵਾਜਾਈ ਨੂੰ ਪ੍ਰਭਾਵਿਤ ਕੀਤਾ ਏ। ਇਸ ਦੌਰਾਨ, ਦਿੱਲੀ-ਐਨ.ਸੀ.ਆਰ ਵਿੱਚ ਹਵਾ ਦੀ ਗੁਣਵੱਤਾ ਬਹੁਤ ਮਾੜੀ ਸ਼੍ਰੇਣੀ ਵਿੱਚ ਬਣੀ ਹੋਈ ਏ। ਅੱਜ ਸਵੇਰੇ 7 ਵਜੇ ਤੱਕ ਰਾਸ਼ਟਰੀ ਰਾਜਧਾਨੀ ਵਿੱਚ ਔਸਤ ਹਵਾ ਗੁਣਵੱਤਾ ਸੂਚਕਾਂਕ 383 ਦਰਜ ਕੀਤਾ ਗਿਆ।

---------------------------------------------------------------------

ਦੇਸ਼ ਦੇ ਉੱਤਰੀ ਹਿੱਸਿਆਂ ਵਿੱਚ ਸੰਘਣੀ ਧੁੰਦ, ਅੱਜ ਰੇਲ ਅਤੇ ਹਵਾਈ ਆਵਾਜਾਈ ਨੂੰ ਪ੍ਰਭਾਵਿਤ ਕਰ ਰਹੀ ਏ ।

ਦਿੱਲੀ ਆਉਣ ਵਾਲੀਆਂ 50 ਤੋਂ ਵੱਧ ਰੇਲਗੱਡੀਆਂ ਦੇਰੀ ਨਾਲ ਚੱਲ ਰਹੀਆਂ ਨੇ। ਧੁੰਦ ਅਤੇ ਘੱਟ ਦਿਖਤਾ ਕਾਰਨ, ਅੱਜ ਆਉਣ ਜਾਣ ਵਾਲੀਆਂ 148 ਉਡਾਣਾਂ ਰੱਦ ਕਰ ਦਿੱਤੀਆਂ ਗਈਆਂ। ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਏਅਰਲਾਈਨਾਂ ਨੂੰ ਯਾਤਰੀ ਸੇਵਾ ਮਿਆਰਾਂ ਦੀ ਸਖਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਵਿੱਚ ਸਮੇਂ ਸਿਰ ਜਾਣਕਾਰੀ, ਦੇਰੀ ਦੌਰਾਨ ਸਹਾਇਤਾ ਪ੍ਰਦਾਨ ਕਰਨਾ, ਮੁੜ ਬੁਕਿੰਗ ਜਾਂ ਰਿਫੰਡ ਸ਼ਾਮਲ ਹਨ। ਮੰਤਰਾਲੇ ਨੇ ਯਾਤਰੀਆਂ ਨੂੰ ਅਧਿਕਾਰਤ ਏਅਰਲਾਈਨ ਚੈਨਲਾਂ ਰਾਹੀਂ ਅਪਡੇਟ ਰਹਿਣ ਅਤੇ ਹਵਾਈ ਅੱਡੇ ਦੀਆਂ ਪ੍ਰਕਿਰਿਆਵਾਂ ਲਈ ਵਾਧੂ ਸਮਾਂ ਦੇਣ ਲਈ ਉਤਸ਼ਾਹਿਤ ਕੀਤਾ।

-----------------------------------------------------------------------

ਭਾਰਤ ਨੇ ਸ਼੍ਰੀਲੰਕਾ ਨੂੰ 5ਵੇਂ ਮਹਿਲਾ twenty-twenty ਕ੍ਰਿਕਟ ਮੈਚ ਵਿੱਚ, 15 ਦੌੜਾਂ ਨਾਲ ਹਰਾ ਕੇ ਲੜੀ 5-0 ਨਾਲ ਜਿੱਤ ਲਈ ਏ। ਭਾਰਤ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ, 175 ਦੌੜਾਂ ਬਣਾਈਆਂ। ਜਵਾਬ ਵਿੱਚ, ਸ਼੍ਰੀਲੰਕਾ ਦੀ ਟੀਮ ਨਿਰਧਾਰਤ 20 ਓਵਰਾਂ ਵਿੱਚ, ਸੱਤ ਵਿਕਟਾਂ 'ਤੇ ਸਿਰਫ 160 ਦੌੜਾਂ ਹੀ ਬਣਾ ਸਕੀ। ਕਪਤਾਨ ਹਰਮਨਪ੍ਰੀਤ ਕੌਰ ਨੂੰ 'ਪਲੇਅਰ ਆਫ਼ ਦ ਮੈਚ' ਅਤੇ ਸ਼ੈਫਾਲੀ ਵਰਮਾ ਨੂੰ 'ਪਲੇਅਰ ਆਫ਼

ਦ ਸੀਰੀਜ਼' ਐਲਾਨਿਆ ਗਿਆ।